Vigilance Bureau Punjab

**VIGILANCE NABS ASI TAKING BRIBE OF RS. 35,000**

Chandigarh, March 23: State Vigilance Bureau, today nabbed ASI Gurmail Singh red handed while accepting bribe of Rs 35,000.

Disclosing this here an official spokesperson of the Vigilance Bureau said ASI Gurmail Singh posted at women cell Police Station Ferozepur was nabbed red handed on the complaint of Malikat Singh of village Ahmad Dandi in Ferozepur. The Complainant has approached the VB and alleged that the accused ASI was demanding Rs 35,000 to favour his brother in a complaint case.

After verifying his information, the Vigilance team laid a trap and the accused ASI was arrested on the spot taking bribe of Rs. 35,000 from the complainant in the presence of two official witnesses. He informed that a case under Prevention of Corruption Act has been registered against him at VB police station Ferozepur and further investigation was under progress.

---------

**ਵਿਜੀਲੈਂਸ ਬਿਓਰੋ ਪੰਜਾਬ**

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 23 ਮਾਰਚ : ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਥਾਣਾ ਮਹਿਲਾ ਸੈਲ, ਫਿਰੋਜਪੁਰ ਵਿਖੇ ਤਾਇਨਾਤ ਏ.ਐਸ.ਆਈ. ਗੁਰਮੇਲ ਸਿੰਘ ਨੂੰ 35,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਮਲਕੀਤ ਸਿੰਘ ਵਾਸੀ ਪਿੰਡ ਅਹਿਮਦ ਢੰਡੀ, ਜ਼ਿਲ੍ਹਾ ਫਿਰੋਜਪੁਰ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਦੇ ਭਰਾ ਖਿਲਾਫ ਕੇਸ ਨਾਂ ਦਰਜ ਕਰਨ ਬਦਲੇ 35000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 35,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

**---------**